# ਪੰਜਾਬ ਵਿਧਾਨ ਸਭਾ

-----------

## 16ਵੀਂ ਪੰਜਾਬ ਵਿਧਾਨ ਸਭਾ

## ਪੰਜਵਾਂ ਸਮਾਗਮ

-----------

## ਕਾਰਜ ਸੂਚੀ

ਮੰਗਲਵਾਰ 28 ਨਵੰਬਰ 2023

02.00 ਵਜੇ (ਬਾਅਦ ਦੁਪਹਿਰ)

1. <u>ਅਕਾਲ ਚਲਾਣਿਆਂ ਦਾ ਵਰਨਣ</u>

(1) ਨਿਮਨਲਿਖਤ ਦੇ ਅਕਾਲ ਚਲਾਣਿਆਂ ਦਾ ਵਰਨਣ ਕੀਤਾ ਜਾਵੇਗਾ :-

1. ਸਰਦਾਰ ਹਰਬੰਤ ਸਿੰਘ ਦਾਤੇਵਾਸ, ਸਾਬਕਾ ਐਮ.ਐਲ.ਏ.;
2. ਸਰਦਾਰ ਅਮਰ ਸਿੰਘ ਸੁਖੀਜਾ, ਸੁਤੰਤਰਤਾ ਸੰਗਰਾਮੀ;
3. ਸ਼੍ਰੀ ਜਵਾਹਰ ਲਾਲ, ਸੁਤੰਤਰਤਾ ਸੰਗਰਾਮੀ;
4. ਸਰਦਾਰ ਬਿਸ਼ਨ ਸਿੰਘ ਬੇਦੀ, ਖਿਡਾਰੀ; ਅਤੇ
5. ਬੇਗਮ ਮੁਨੱਵਰ-ਉਨ-ਨਿਸ਼ਾ।

2. <u>ਪ੍ਰਸ਼ਨ</u>

(1) ਵੱਖ ਸੂਚੀ ਵਿੱਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਜਵਾਬ ਦਿੱਤੇ ਜਾਣਗੇ।

3. <u>ਮਾਣਯੋਗ ਸਪੀਕਰ ਦੁਆਰਾ ਐਲਾਨ</u>

(1) ਮਾਣਯੋਗ ਸਪੀਕਰ ਦੁਆਰਾ ਐਲਾਨ

4. <u>ਧਿਆਨ ਦਿਵਾਊ ਨੋਟਿਸ</u>

(1)
**ਡਾ. ਸੁਖਵਿੰਦਰ ਕੁਮਾਰ ਸੁੱਖੀ, ਐਮ.ਐਲ.ਏ.**:- ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਰਾਜ ਵਿੱਚ ਡੇਂਗੂ ਦੇ ਫੈਲਣ ਨੂੰ ਰੋਕਣ ਲਈ ਇੱਕ ਵਿਸ਼ੇਸ਼ ਜਾਗਰੂਕਤਾ ਮੁਹਿੰਮ ਆਰੰਭ ਕਰਨ ਦੀ ਜ਼ਰੂਰਤ ਵੱਲ ਦਿਵਾਉਣਗੇ।

(ਨੰ. 2)

(2)
**ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਐਮ.ਐਲ.ਏ.:-** ਸਮਾਜਿਕ ਸੁਰੱਖਿਆ ਮੰਤਰੀ ਦਾ ਧਿਆਨ ਰਾਜ ਵਿੱਚ ਸਪੈਸ਼ਲ/ਅਨਾਥ ਬੱਚਿਆਂ ਨੂੰ ਵਿਸ਼ੇਸ਼ ਪੈਨਸ਼ਨ ਜਾਂ ਵਿਸ਼ੇਸ਼ ਵਿੱਤੀ ਮੱਦਦ ਮੁਹੱਈਆ ਕਰਵਾਉਣ ਵੱਲ ਦਿਵਾਉਣਗੇ।

(ਨੰ. 13)

(3)
**ਸ਼੍ਰੀ ਵਿਜੇ ਸਿੰਗਲਾ, ਐਮ.ਐਲ.ਏ.:-** ਸਥਾਨਕ ਸਰਕਾਰ ਮੰਤਰੀ ਦਾ ਧਿਆਨ ਮਾਨਸਾ ਸ਼ਹਿਰ ਵਿੱਚ ਸੀਵਰੇਜ ਦੇ ਓਵਰਫਲੋਅ ਹੋਣ ਕਰਕੇ ਵੱਖ-ਵੱਖ ਬਿਮਾਰੀਆਂ ਪੈਦਾ ਹੋਣ ਵੱਲ ਦਿਵਾਉਣਗੇ।

(ਨੰ. 20)

5. <u>ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ</u>

(1) i) **ਮਾਣਯੋਗ ਸਪੀਕਰ** ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਪੇਸ਼ ਕਰਨਗੇ।ii) **ਕਮੇਟੀ ਦਾ ਇੱਕ ਮੈਂਬਰ** ਪ੍ਰਸਤਾਵ ਕਰੇਗਾ ਕਿ ਇਹ ਸਦਨ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।

6. <u>ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ</u>

(1)
**ਇੱਕ ਮੰਤਰੀ** ਵਿੱਤੀ ਸਾਲ 2023-24 (ਅਪ੍ਰੈਲ 2023 ਤੋਂ ਜੂਨ 2023) ਲਈ ਰਾਜ ਸਰਕਾਰ ਦੀਆਂ ਪ੍ਰਾਪਤੀਆਂ ਅਤੇ ਖ਼ਰਚੇ ਦੀਆਂ ਪ੍ਰਵਿਰਤੀਆਂ ਸਦਨ ਦੀ ਮੇਜ਼ ਤੇ ਰੱਖਣਗੇ ਜਿਵੇਂ ਕਿ ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧਨ ਐਕਟ, 2003 ਦੀ ਧਾਰਾ 6 (1) ਅਧੀਨ ਲੋੜੀਂਦਾ ਹੈ।

(2)
**ਇੱਕ ਮੰਤਰੀ** ਸਾਲ 2016-17 ਲਈ ਪੰਜਾਬ ਰਾਜ ਅਨਾਜ ਖਰੀਦ ਨਿਗਮ ਲਿਮਿਟਡ ਦੀ 14ਵੀਂ ਸਾਲਾਨਾ ਰਿਪੋਰਟ ਅਤੇ ਲੇਖੇ ਸਦਨ ਦੀ ਮੇਜ਼ ਤੇ ਰੱਖਣਗੇ ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619(3) (ੳ) ਅਧੀਨ ਲੋੜੀਂਦਾ ਹੈ।

(3)
**ਇੱਕ ਮੰਤਰੀ** ਸਾਲ 2020-21 ਲਈ ਰੀਅਲ ਅਸਟੇਟ ਰੈਗੂਲੇਟਰੀ ਅਥਾਰਟੀ, ਪੰਜਾਬ ਦੇ ਸਾਲਾਨਾ ਲੇਖੇ ਤੇ ਵੱਖਰੀ ਆਡਿਟ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ ਜਿਵੇਂ ਕਿ ਰੀਅਲ ਅਸਟੇਟ (ਵਿਨਿਯਮਨ ਅਤੇ ਵਿਕਾਸ) ਐਕਟ, 2016 ਦੀ ਧਾਰਾ 77(4) ਅਧੀਨ ਲੋੜੀਂਦਾ ਹੈ।

(4)
**ਇੱਕ ਮੰਤਰੀ** ਸਾਲ 2021-22 ਲਈ ਰੀਅਲ ਅਸਟੇਟ ਰੈਗੂਲੇਟਰੀ ਅਥਾਰਟੀ ਦੀ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ ਜਿਵੇਂ ਕਿ ਰੀਅਲ ਅਸਟੇਟ (ਵਿਨਿਯਮਨ ਅਤੇ ਵਿਕਾਸ) ਐਕਟ, 2016 ਦੀ ਧਾਰਾ 78 (2) ਅਧੀਨ ਲੋੜੀਂਦਾ ਹੈ।

7.
<u>ਵਿਧਾਨਕ ਕੰਮ-ਕਾਰ</u>

(1)
**ਇੱਕ ਮੰਤਰੀ** ਪੰਜਾਬ ਵਸਤਾਂ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2023 ਪੇਸ਼ ਕਰਨਗੇ।

ਪ੍ਰਸਤਾਵ ਕਰਨਗੇ ਕਿ ਪੰਜਾਬ ਵਸਤਾਂ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2023 ਤੇ ਤੁਰਤ ਵਿਚਾਰ ਕੀਤਾ ਜਾਵੇ।

ਇਹ ਪ੍ਰਸਤਾਵ ਵੀ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ।

(2)
**ਇੱਕ ਮੰਤਰੀ** ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧਨ (ਸੋਧਨਾ) ਬਿਲ, 2023 ਪੇਸ਼ ਕਰਨਗੇ।

ਪ੍ਰਸਤਾਵ ਕਰਨਗੇ ਕਿ ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧਨ (ਸੋਧਨਾ) ਬਿਲ, 2023 ਤੇ ਤੁਰਤ ਵਿਚਾਰ ਕੀਤਾ ਜਾਵੇ।

ਇਹ ਪ੍ਰਸਤਾਵ ਵੀ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ।

**ਰਾਮ ਲੋਕ ਖਟਾਣਾ**
**ਸਕੱਤਰ**
**ਪੰਜਾਬ ਵਿਧਾਨ ਸਭਾ**

**ਚੰਡੀਗੜ੍ਹ -160001**
**ਮਿਤੀ:੨੬ ਨਵੰਬਰ ੨੦੨੩ ਐਤਵਾਰ**